10/76-14 ਸੈ:ਸਿ(6)

# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ

(ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ ਫੇਜ਼-8 ਐਸ.ਏ.ਐਸ. ਨਗਰ)

ਵੱਲ

ਸਮੂਹ ਮੰਡਲ/ਜਿਲਾ ਸਿੱਖਿਆ ਅਫਸਰ ( ਸੈ: ਸਿ:)
ਪੰਜਾਬ ।

ਮੀਮੋ ਨੰ: 10/76-14 ਸੈ:ਸਿ(6)
ਮਿਤੀ : 16-5-2014

ਵਿਸ਼ਾ :- **ਸਿੱਖਿਆ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਦੇ ਵੱਖ-ਵੱਖ ਸੰਸਥਾਵਾਂ ਨਾਲ ਜੁੜੇ ਹੋਣ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਵਿੱਚ ਆਇਆ ਹੈ ਕਿ ਸਿੱਖਿਆ ਵਿਭਾਗ ਦੇ ਬਹੁਤ ਸਾਰੇ ਅਧਿਕਾਰੀ/ਕਰਮਚਾਰੀ ਵੱਖ-ਵੱਖ ਗੈਰ ਸਰਕਾਰੀ ਸੰਸਥਾਵਾਂ ਨਾਲ ਜੁੜੇ ਹੋਏ ਹਨ ਅਤੇ ਇਨ੍ਹਾਂ ਸੰਸਥਾਵਾਂ ਵੱਲੋਂ ਸਮੇਂ ਸਮੇਂ ਸਿਰ ਕਰਵਾਈਆ ਜਾਂਦੀਆਂ ਗਤੀਵਿਧੀਆਂ ਵਿੱਚ ਆਪਣੀ ਡਿਊਟੀ ਸਮੇਂ ਦੌਰਾਨ ਭਾਗ ਲੈਂਦੇ ਹਨ ਅਤੇ ਕਈ ਵਾਰ ਇਸ ਮੰਤਵ ਲਈ ਸਰਕਾਰੀ ਡਿਊਟੀ/ਦੌਰਾ ਵੀ ਪ੍ਰਵਾਨ ਕਰਵਾਉਂਦੇ ਹਨ। ਇਸ ਲਈ ਹਦਾਇਤ ਕੀਤੀ ਜਾਂਦੀ ਹੈ ਕਿ ਭਵਿੱਖ ਵਿੱਚ ਸਿੱਖਿਆ ਵਿਭਾਗ ਦਾ ਜੋ ਕੋਈ ਵੀ ਅਧਿਕਾਰੀ/ਕਰਮਚਾਰੀ ਗੈਰ ਸਰਕਾਰੀ ਸੰਸਥਾਵਾਂ ਦੀਆਂ ਗਤੀਵਿਧੀਆਂ ਵਿੱਚ ਭਾਗ ਲੈਣਾ ਚਾਹੁੰਦਾ ਹੈ, ਉਹ ਇਸ ਮੰਤਵ ਲਈ ਆਪਣੀ ਬਣਦੀ ਛੁੱਟੀ ਸਮਰੱਥ ਅਧਿਕਾਰੀ ਪਾਸੋਂ ਪ੍ਰਵਾਨ ਕਰਵਾਉਣ ਉਪਰੰਤ ਹੀ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਿਲ ਹੋਵੇਗਾ । ਜੇਕਰ ਅਜਿਹਾ ਧਿਆਨ ਵਿੱਚ ਆਇਆ ਕਿ ਸਬੰਧਤ ਅਧਿਕਾਰੀ/ਕਰਮਚਾਰੀ ਬਿਨਾਂ ਛੁੱਟੀ ਪ੍ਰਵਾਨ ਕਰਵਾਏ ਡਿਊਟੀ ਸਮੇਂ ਦੌਰਾਨ ਗੈਰ ਸਰਕਾਰੀ ਸੰਸਥਾਵਾਂ ਦੀਆਂ ਗਤੀਵਿਧੀਆਂ ਵਿੱਚ ਸ਼ਾਮਿਲ ਹੁੰਦਾ ਹੈ ਤਾਂ ਉਸ ਵਿਰੁੱਧ ਬਣਦੀ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਇਹ ਵੀ ਲਿਖਿਆ ਜਾਂਦਾ ਹੈ ਕਿ ਭਵਿੱਖ ਵਿੱਚ ਅਜਿਹੇ ਅਧਿਕਾਰੀਆਂ/ਕਰਮਚਾਰੀਆਂ ਦਾ ਗੈਰ ਸਰਕਾਰੀ ਸੰਸਥਾਵਾਂ ਦੀਆਂ ਗਤੀਵਿਧੀਆਂ ਵਿੱਚ ਸ਼ਾਮਿਲ ਹੋਣ ਲਈ ਸਰਕਾਰੀ ਡਿਊਟੀ/ਦੌਰਾ ਸਮਰੱਥ ਅਧਿਕਾਰੀ ਵੱਲੋਂ ਸਰਕਾਰ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਪ੍ਰਵਾਨ ਨਹੀਂ ਕੀਤਾ ਜਾਵੇਗਾ।

ਉਪਰੋਕਤ ਹਦਾਇਤਾਂ ਇੰਨ-ਬਿੰਨ ਪਾਲਣਾ ਹਿਤ ਆਪਣੇ ਅਧੀਨ ਸੰਸਥਾਵਾਂ ਦੇ ਧਿਆਨ ਵਿੱਚ ਲਿਆ ਦਿੱਤੀਆ ਜਾਣ।

ਡਾਇਰੈਕਟਰ ਸਿੱਖਿਆ ਵਿਭਾਗ ( ਸੈ: ਸਿ:)

ਪਿੱਠ ਅੰਕਣ ਨੰ: ਉਕਤ ਮਿਤੀ : 16-5-2014

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ :-

1) ਨਿੱਜੀ ਸਹਾਇਕ/ਸਿੱਖਿਆ ਮੰਤਰੀ ਜੀ ਨੂੰ ਮਾਨਯੋਗ ਸਿੱਖਿਆ ਮੰਤਰੀ ਜੀ ਦੀ ਸੂਚਨਾਂ ਹਿੱਤ ।
2) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ ਸਕੂਲ ਸਿੱਖਿਆ ਵਿਭਾਗ

ਡਾਇਰੈਕਟਰ ਸਿੱਖਿਆ ਵਿਭਾਗ ( ਸੈ: ਸਿ:)